# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ:) ਪੰਜਾਬ ਐਸ.ਏ.ਐਸ ਨਗਰ
## (ਬਜਟ ਸ਼ਾਖਾ)

**ਵੈਬ ਸਾਈਟ ਰਾਹੀਂ:**

ਵੱਲ:

1. ਸਮੂਹ ਜਿਲਾ ਸਿੱਖਿਆ ਅਫਸਰ(ਸੈ:ਸਿ:)(ਐ:ਸਿ:)
2. ਸਮੂਹ ਪ੍ਰਿੰਸੀਪਲ/ਮੁੱਖ ਅਧਿਆਪਕ/ਸਕੂਲ ਮੁੱਖੀ ਪੰਜਾਬ ਰਾਜ ਦੇ ਸਮੂਹ ਸਰਕਾਰੀ ਸਕੂਲ

ਮੀਮ ਨੰ: 9/06-2020 ਬਜਟ(4)/2021284028

ਮਿਤੀ: 20/08/2021

ਵਿਸ਼ਾ:- ਬਿਜਲੀ ਬਿੱਲਾਂ ਦੀ ਬਕਾਇਆ ਖੜੀ ਰਕਮ ਜਮਾਂ ਕਰਵਾਉਣ ਸਬੰਧੀ।

ਹਵਾਲਾ:- ਵਿੱਤ ਵਿਭਾਗ (ਵਿੱਤ ਬਜਟ-1 ਸ਼ਾਖਾ) ਦੇ ਪੱਤਰ ਨੰ: FD-FB-108/5/2021-5FB1/227187/2021 ਮਿਤੀ 11-08-2021 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਨੂੰ ਭੇਜੀ ਜਾਂਦੀ ਹੈ। ਇਸ ਪੱਤਰ ਰਾਹੀਂ, ਮਾਨਯੋਗ ਮੁੱਖ ਮੰਤਰੀ ਜੀ ਦੀ ਪ੍ਰਧਾਨਗੀ ਹੇਠ ਮਿਤੀ 10-6-2021 ਨੂੰ ਹੋਈ ਮੀਟਿੰਗ ਵਿੱਚ ਫੈਸਲੇ ਅਨੁਸਾਰ ਵੱਖ-ਵੱਖ ਵਿਭਾਗਾਂ ਦੇ ਪੈਂਡਿੰਗ ਪਏ ਬਿਜਲੀ ਦੇ ਬਿੱਲਾਂ ਦੀ ਅਦਾਇਗੀ / ਐਡਜਸਟਮੈਂਟ ਪਹਿਲ ਦੇ ਅਧਾਰ ਤੇ ਕਰਵਾਉਣ ਲਈ ਕਿਹਾ ਗਿਆ ਹੈ।

ਪੀ.ਐਸ.ਪੀ.ਸੀ.ਐਲ ਵੱਲੋਂ One Time Settlement Scheme ਪੇਸ਼ ਕੀਤੀ ਗਈ ਹੈ ਜਿਸ ਵਿੱਚ ਬਿਜਲੀ ਬਿੱਲ 30-40% ਤੱਕ ਘਟਾਏ ਜਾਣਗੇ। ਇਹ ਸਕੀਮ ਵਿਭਾਗ ਵੱਲੋਂ ਪਹਿਲਾਂ ਹੀ ਸਮੂਹ ਜਿਲਾ ਸਿੱਖਿਆ ਅਫਸਰਾਂ / ਸਰਕਾਰੀ ਸਕੂਲਾਂ ਨੂੰ ਪੱਤਰ ਮਿਤੀ 20-04-2021 ਰਾਹੀਂ ਸਰਕੂਲੇਟ ਕੀਤੀ ਗਈ ਸੀ।

ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਪੀ.ਐਸ.ਪੀ.ਸੀ.ਐਲ ਵੱਲੋਂ ਪੇਸ਼ ਕੀਤੀ One Time Settlement Scheme ਅਧੀਨ ਲਾਭ ਲੈ ਕੇ ਸਕੂਲਾਂ ਦੇ ਪੈਂਡਿੰਗ ਬਿਜਲੀ ਬਿੱਲਾਂ ਦੀ ਅਦਾਇਗੀ ਤੁਰੰਤ ਕਰਵਾਈ ਜਾਵੇ।

ਇਹ ਪੱਤਰ ਡੀ.ਪੀ.ਆਈ(ਸੈ:ਸਿ:) ਪੰਜਾਬ ਜੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤੀ ਜਾਂਦਾ ਹੈ।

ਡਿਪਟੀ ਕੰਟਰੋਲਰ(ਵਿੱਤ ਤੇ ਲੇਖਾ)

878155

File No. FD-FB-108/5/2021-5FB1/

1/227187/2021

**MOST IMPORTANT**

ਪੰਜਾਬ ਸਰਕਾਰ

ਵਿੱਤ ਵਿਭਾਗ

(ਵਿੱਤ ਬਜਟ-1 ਸ਼ਾਖਾ)

**ਵਿਸ਼ਾ: ਮਾਨਯੋਗ ਮੁੱਖ ਮੰਤਰੀ ਪੰਜਾਬ ਜੀ ਦੀ ਪ੍ਰਧਾਨਗੀ ਹੇਠ ਮਿਤੀ 10-06-2021 ਨੂੰ ਹੋਈ ਮੀਟਿੰਗ ਵਿੱਚ ਹੋਏ ਫੈਸਲੇ ਅਨੁਸਾਰ ਵੱਖ ਵੱਖ ਵਿਭਾਗਾਂ ਦੇ ਬਿਜਲੀ ਦੇ ਬਿੱਲਾਂ ਦੀ ਅਦਾਇਗੀ ਪਹਿਲ ਦੇ ਅਧਾਰ ਤੇ ਕਰਵਾਉਣ ਸਬੰਧੀ।**

ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ ਕ੍ਰਿਪਾ ਕਰਕੇ ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਕ੍ਰਿਪਾਲਤਾ ਕਰਨ ਜੀ।

2. ਵਿਸ਼ੇ ਅੰਕਿਤ ਮਾਮਲੇ ਸਬੰਧੀ ਸੂਚਿਤ ਕੀਤਾ ਜਾਂਦਾ ਹੈ ਕਿ ਊਰਜਾ ਵਿਭਾਗ ਦੇ ਕੰਮ ਕਾਜ ਨੂੰ ਰੀਵਿਊ ਕਰਨ ਸਬੰਧੀ ਮਾਨਯੋਗ ਮੁੱਖ ਮੰਤਰੀ ਪੰਜਾਬ ਜੀ ਦੀ ਪ੍ਰਧਾਨਗੀ ਹੇਠ ਮਿਤੀ 10-06-2021 ਨੂੰ ਵੀਡੀਓ ਕਾਨਫਰੰਸ ਰਾਹੀਂ ਹੋਈ ਮੀਟਿੰਗ ਦੌਰਾਨ CMD PSPCL ਵਲੋਂ ਧਿਆਨ ਵਿਚ ਲਿਆਂਦਾ ਗਿਆ ਹੈ ਕਿ ਬਹੁਤ ਸਾਰੇ ਵਿਭਾਗਾਂ ਦੇ ਬਿਜਲੀ ਦੇ ਬਿੱਲ ਪੈਡਿੰਗ ਅਵਸਥਾ ਵਿਚ ਹਨ। ਉਨ੍ਹਾਂ ਵਲੋਂ ਇਹ ਵੀ ਸੂਚਿਤ ਕੀਤਾ ਗਿਆ ਹੈ ਕਿ ਕੰਪਨੀ ਵਲੋਂ ਵੱਖ ਵੱਖ ਵਿਭਾਗਾਂ ਦੇ ਬਿਜਲੀ ਦੇ ਬਿੱਲ ਸੇਟਲ ਕਰਵਾਉਣ ਲਈ One Time Settlement Scheme ਪੇਸ਼ ਕੀਤੀ ਗਈ ਹੈ, ਜਿਸ ਵਿਚ ਬਿਜਲੀ ਦੇ ਬਿੱਲ 30-40% ਤੱਕ ਘਟਾਏ ਜਾਣਗੇ।

3 ਇਸ ਲਈ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਪੈਰਾ ਨੰਬਰ 2 ਦੇ ਸਬੰਧ ਵਿਚ ਆਪ ਦੇ ਪ੍ਰਬੰਧਕੀ ਕੰਟਰੋਲ ਅਧੀਨ ਆਉਂਦੇ ਵਿਭਾਗਾਂ ਦੇ ਪੈਡਿੰਗ ਪਏ ਬਿਜਲੀ ਦੇ ਬਿੱਲਾਂ ਦੀ ਅਦਾਇਗੀ /ਅਡਜਸਟਮੈਂਟ ਪਹਿਲ ਦੇ ਅਧਾਰ ਤੇ ਕਰਵਾਉਣ ਦੀ ਕ੍ਰਿਪਾਲਤਾ ਕੀਤੀ ਜਾਵੇ। ਜੇਕਰ ਕਿਸੇ ਵਿਭਾਗ ਦੇ ਪੈਡਿੰਗ ਪਏ ਬਿਜਲੀ ਦੇ ਬਿੱਲਾਂ ਦੀ ਅਦਾਇਗੀ ਲਈ ਬਜਟ ਪ੍ਰੋਵੀਜਨ ਨਾ ਹੋਈ ਹੋਣ ਕਰਕੇ ਅਦਾਇਗੀ ਕਰਨ ਵਿਚ ਰੁਕਾਵਟ ਆਉਂਦੀ ਹੈ ਤਾਂ ਉਸ ਸਬੰਧੀ ਲੋੜੀਂਦੀ ਬਜਟ ਪ੍ਰੋਵੀਜਨ ਕਰਵਾਉਣ ਲਈ ਵਿੱਤ ਵਿਭਾਗ (ਸਬੰਧਤ ਵਿੱਤ ਖਰਚਾ ਸ਼ਾਖਾ) ਨੂੰ ਤੁਰੰਤ ਪਹੁੰਚ ਕੀਤੀ ਜਾਵੇ।

ਦਫ਼ਤਰ ਸਕੱਤਰ ਸਕੂਲ ਸਿੱਖਿਆ
ਫਾਈਲ ਡਾਇਰੀ ਨੰ: 11/25
ਮਿਤੀ 12/08/2021

ਵਿਸ਼ਵਾਸਪਾਤਰ,

(ਹਰਵਿੰਦਰ ਸਿੰਘ)

ਬਜਟ ਅਫਸਰ

ਸੇਵਾ ਵਿਖੇ

ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ,
ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ

ਅੰ:ਵਿ:ਪੰ:ਨੰ: FD-FB-108/5/2021-5FB1/227187 ਮਿਤੀ, ਚੰਡੀਗੜ੍ਹ: 11 ਅਗਸਤ,2021

ਇਕ ਉਤਾਰਾ ਮੁੱਖ ਸਕੱਤਰ ਪੰਜਾਬ ਜੀ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।